ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਅਜੀਤਗੜ੍ਹ, ਮੋਹਾਲੀ
ਫੋਨ ਨੰਬਰ: 0172-2212221, ਫੈਕਸ ਨੰ: 0172-2212793

(ਵੈਬਸਾਈਟ ਰਾਹੀਂ)

ਵੱਲ:

ਸਮੂਹ ਸਕੂਲ ਮੁਖੀ,
ਪੰਜਾਬ।

ਮੀਮੋ ਨੰ:AD(C)/SSE/2018/4011123
ਮਿਤੀ: 12.07.18

ਵਿਸ਼ਾ :- ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਪਬਲਿਸ਼ਰਜ਼ ਦੀਆਂ ਗਾਈਡਾਂ ਨਾ ਪੜ੍ਹਾਉਣ ਸੰਬੰਧੀ।

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਸੰਬੰਧੀ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਬਹੁਤ ਸਾਰੇ ਸਕੂਲਾਂ ਵਿੱਚ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਪ੍ਰਾਈਵੇਟ ਪਬਲਿਸਰਜ਼ ਦੀਆਂ ਗਾਈਡਾਂ ਲਗਵਾਈਆਂ ਜਾਂਦੀਆਂ ਹਨ, ਜਿਸ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਸਹੀ ਢੰਗ ਨਾਲ ਨਹੀਂ ਹੁੰਦੀ।

3.0 ਵਿਭਾਗ ਦੇ ਧਿਆਨ ਵਿੱਚ ਇਹ ਵੀ ਆਇਆ ਹੈ ਕਿ ਪਬਲਿਸਰਜ਼ ਸਕੂਲਾਂ ਵਿੱਚ ਆਪਣੀਆਂ ਗਾਈਡਾਂ ਲਗਵਾਉਣ ਲਈ ਸਕੂਲ ਮੁੱਖੀਆਂ ਅਤੇ ਅਧਿਆਪਕਾਂ ਨੂੰ ਕੁਝ ਗਾਈਡਾਂ ਬਤੌਰ ਗਿਫਟ ਮੁਫ਼ਤ ਦੇ ਜਾਂਦੇ ਹਨ, ਜਿਸ ਕਾਰਨ ਅਧਿਆਪਕ ਉਨ੍ਹਾਂ ਗਾਈਡਾਂ ਵਿੱਚੋਂ ਪੜ੍ਹਾਉਣ ਨੂੰ ਹੀ ਤਰਜੀਹ ਦਿੰਦੇ ਹਨ।

4.0 ਉਕਤ ਦੇ ਸਨਮੁੱਖ ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਸਕੂਲ ਵਿੱਚ ਵਿਦਿਆਰਥੀਆਂ ਨੂੰ ਕਿਸੇ ਵੀ ਪ੍ਰਾਈਵੇਟ ਪਬਲਿਸਰਜ਼ ਦੀਆਂ ਗਾਈਡਾਂ ਨਾ ਲਗਵਾਉਣ। ਜੇਕਰ ਨਿਰੀਖਣ ਦੌਰਾਨ ਅਜਿਹਾ ਪਾਇਆ ਗਿਆ ਤਾਂ ਸਕੂਲ ਮੁੱਖੀ ਅਤੇ ਸੰਬੰਧਤ ਅਧਿਆਪਕ ਵਿਰੁੱਧ ਵਿਭਾਗੀ ਕਾਰਵਾਈ ਕੀਤੀ ਜਾਵੇਗੀ।

4.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਡਾਇਰੈਕਟਰ,
ਐਸ.ਸੀ.ਈ.ਆਰ.ਟੀ., ਪੰਜਾਬ

ਪਿੱਠਅੰਕਣ ਨੰ: ਉਕਤ

ਮਿਤੀ: 12.07.18

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ., ਐ.ਸਿੱ.), ਪੰਜਾਬ।
2. ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
3. ਪੀ.ਏ. ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ।
4. ਪੀ.ਏ. ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ।
5. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿੱ.,ਐ.ਸਿੱ.)।
6. ਸਮੂਹ ਜ਼ਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ, ਪੰਜਾਬ।
7. ਡੀ.ਐਮ., ਐਮ.ਆਈ.ਐਸ. ਵਿੰਗ ਨੂੰ ਵੈਬਸਾਈਟ 'ਤੇ ਅਪਲੋਡ ਕਰਨ ਹਿੱਤ।

ਸਹੀ/
ਡਾਇਰੈਕਟਰ,
ਐਸ.ਸੀ.ਈ.ਆਰ.ਟੀ., ਪੰਜਾਬ